# ਪੰਜਾਬ ਸਕੂਲ ਸਿੱਖਿਆ ਬੋਰਡ
## ਪ੍ਰੈਸ ਨੋਟ

### ਬਾਰ੍ਹਵੀਂ ਦੀ ਸਾਇੰਸ ਕਾਮਰਸ ਗਰੁੱਪ ਦੀ ਜੂਨ 'ਚ ਹੋਈ ਅਨੁਪੂਰਕ ਪਰੀਖਿਆ ਦਾ ਨਤੀਜਾ ਘੋਸ਼ਿਤ

ਐਸ.ਏ.ਐਸ.ਨਗਰ: 24 ਜੁਲਾਈ ( ) ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜੂਨ 2018 'ਚ ਸੀਨੀਅਰ ਸੈਕੰਡਰੀ (ਬਾਰ੍ਹਵੀਂ) ਦੀ ਕਰਵਾਈ ਗਈ ਅਨੁਪੂਰਕ ਪ੍ਰੀਖਿਆ ਕੇਵਲ ਸਾਇੰਸ/ਕਾਮਰਸ ਗਰੁੱਪ ਦਾ ਨਤੀਜਾ ਅੱਜ ਘੋਸ਼ਿਤ ਕੀਤਾ ਜਾ ਚੁੱਕਾ ਹੈ । ਇਸ ਸਬੰਧੀ ਜਾਣਕਾਰੀ ਦਿੰਦਿਆਂ ਬੋਰਡ ਦੇ ਸਕੱਤਰ ਨੇ ਦੱਸਿਆ ਕਿ ਇਸ ਪ੍ਰੀਖਿਆ ਲਈ ਦੋਵੇਂ ਗਰੁੱਪਾਂ ਦੇ ਕੁੱਲ 12433 ਪ੍ਰੀਖਿਆਰਥੀ ਅਪੀਅਰ ਹੋਏ ਜਿਨ੍ਹਾਂ ਵਿੱਚੋਂ ਪਾਸ ਪ੍ਰੀਖਿਆਰਥੀਆਂ ਦੀ ਗਿਣਤੀ 8907 ਹੈ ਜਿਸ ਮੁਤਾਬਕ ਅਨੁਪੂਰਕ ਪ੍ਰੀਖਿਆ ਦਾ ਨਤੀਜਾ 75.37% ਰਿਹਾ। ਬੋਰਡ ਸਕੱਤਰ ਨੇ ਦੱਸਿਆ ਕਿ ਇਹ ਨਤੀਜਾ ਅੱਜ ਬਾਅਦ ਦੁਪਿਹਰ 04:00 ਵਜੇ ਤੋਂ ਬੋਰਡ ਦੀ ਵੈਬਸਾਈਟ www.pseb.ac.in ਅਤੇ www.indiaresults.com ਤੇ ਉਪਲਬੱਧ ਕਰਵਾ ਦਿੱਤਾ ਗਿਆ ਹੈ।

ਉਹਨਾਂ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਪੰਜਾਬ ਸਕੂਲ ਸਿੱਖਿਆ ਬੋਰਡ, ਆਨ-ਲਾਈਨ ਪ੍ਰਿੰਟ ਨਤੀਜਿਆਂ ਵਿੱਚ ਕਿਸੇ ਕਿਸਮ ਦੀ ਗ਼ਲਤੀ ਲਈ ਜ਼ਿੰਮੇਵਾਰ ਨਹੀਂ ਹੈ। ਇਹ ਆਨ-ਲਾਈਨ ਘੋਸ਼ਿਤ ਨਤੀਜੇ ਕੇਵਲ ਪ੍ਰੀਖਿਆਰਥੀਆਂ ਦੀ ਤੁਰੰਤ ਜਾਣਕਾਰੀ ਲਈ ਹਨ । ਇਸ ਨੂੰ ਅਸਲ ਨਤੀਜਾ ਨਹੀਂ ਮੰਨਿਆ ਜਾ ਸਕਦਾ । ਉਹਨਾਂ ਕਿਹਾ ਕਿ ਅਸਲ ਨਤੀਜਾ ਕਾਰਡ ਬੋਰਡ ਵੱਲੋਂ ਵੱਖਰੇ ਤੌਰ ਤੇ ਜਾਰੀ ਕੀਤੇ ਜਾਣਗੇ। ਪ੍ਰੀਖਿਆਰਥੀਆਂ ਨੂੰ ਹਦਾਇਤ ਕਰਦਿਆਂ ਉਹਨਾਂ ਕਿਹਾ ਕਿ ਉਹ ਸਹੀ ਜਾਣਕਾਰੀ ਲਈ ਬੋਰਡ ਵੱਲੋਂ ਜਾਰੀ ਨਤੀਜਾ ਕਾਰਡਾਂ ਤੇ ਹੀ ਨਿਰਭਰ ਕਰਨ ਜੋ ਕਿ ਆਉਂਦੇ ਦਿਨਾਂ 'ਚ ਇਹ ਕਾਰਡ ਬੋਰਡ ਵੱਲੋਂ ਜਾਰੀ ਕਰ ਦਿੱਤੇ ਜਾਣਗੇ।

ਕੋਮਲ ਸਿੰਘ (ਲੋਕ ਸੰਪਰਕ ਦਫ਼ਤਰ)
ਪੰਜਾਬ ਸਕੂਲ ਸਿੱਖਿਆ ਬੋਰਡ

ਮਿਤੀ:- 24.07.2018

Scanned by CamScanner